# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 27-10-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਆਸੀਆਨ ਨੇਤਾਵਾਂ ਨੇ ਸਾਂਝੇ ਤੌਰ 'ਤੇ ਆਸੀਆਨ-ਭਾਰਤ ਸਬੰਧਾਂ ਵਿੱਚ ਪ੍ਰਗਤੀ ਦੀ ਸਮੀਖਿਆ ਕੀਤੀ ਅਤੇ ਵਿਆਪਕ ਰਣਨੀਤਕ ਭਾਈਵਾਲੀ ਨੂੰ ਮਜ਼ਬੂਤ ਕਰਨ ਲਈ ਪਹਿਲਕਦਮੀਆਂ 'ਤੇ ਚਰਚਾ ਕੀਤੀ। ਆਪਣੇ ਸੰਬੋਧਨ ਵਿੱਚ, ਪ੍ਰਧਾਨ ਮੰਤਰੀ ਨੇ ਆਸੀਆਨ ਏਕਤਾ, ਆਸੀਆਨ ਦੇ ਕੇਂਦਰ ਅਤੇ ਭਾਰਤ – ਪ੍ਰਸ਼ਾਂਤ 'ਤੇ ਆਸੀਆਨ ਦ੍ਰਿਸ਼ਟੀਕੋਣ ਲਈ ਭਾਰਤ ਦੀ ਹਮਾਇਤ ਨੂੰ ਦੁਹਰਾਇਆ। ਉਨ੍ਹਾਂ ਆਸੀਆਨ ਭਾਈਚਾਰਕ ਦ੍ਰਿਸ਼ਟੀਕੋਣ 2045 ਨੂੰ ਅਪਣਾਉਣ 'ਤੇ ਆਸੀਆਨ ਦੀ ਸ਼ਲਾਘਾ ਕੀਤੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਆਸੀਆਨ-ਭਾਰਤ FTA ਦੀ ਸ਼ੁਰੂਆਤੀ ਸਮੀਖਿਆ ਸਾਡੇ ਲੋਕਾਂ ਦੇ ਲਾਭ ਲਈ ਸਾਡੇ ਸਬੰਧਾਂ ਦੀ

ਪੂਰੀ ਆਰਥਿਕ ਸੰਭਾਵਨਾ ਨੂੰ ਖੋਲ੍ਹ ਸਕਦੀ ਏ ਅਤੇ ਖੇਤਰੀ ਸਹਿਯੋਗ ਨੂੰ ਹੋਰ ਮਜ਼ਬੂਤ ਕਰ ਸਕਦੀ ਏ-

Byte

ਸ਼੍ਰੀ ਮੋਦੀ ਨੇ ਇਹ ਵੀ ਕਿਹਾ ਕਿ ਦਹਿਸ਼ਤਗਰਦੀ, ਵਿਸ਼ਵ ਸ਼ਾਂਤੀ ਅਤੇ ਸੁਰੱਖਿਆ ਲਈ ਇੱਕ ਗੰਭੀਰ ਚੁਣੌਤੀ ਏ. ਓਹਨਾਂ ਦਹਿਸ਼ਤਗਰਦੀ ਵਿਰੁੱਧ ਲੜਾਈ ਵਿੱਚ ਏਕਤਾ ਦੇ ਮਹੱਤਵ 'ਤੇ ਜ਼ੋਰ ਦਿੱਤਾ।

---------------------------------------------------

ਫ਼ੌਜ ਅੱਜ ਆਪਣਾ 79ਵਾਂ INFANTRY ਭਾਵ ਪੈਦਲ ਸੇਨਾ ਦਿਵਸ ਮਨਾ ਰਹੀ ਏ । ਇਹ ਦਿਨ ਆਜ਼ਾਦ ਭਾਰਤ ਦੀ ਪਹਿਲੀ ਫੌਜੀ ਘਟਨਾ ਦੀ ਯਾਦ ਦਿਵਾਉਂਦਾ ਏ, ਜਦੋਂ ਭਾਰਤੀ ਫੌਜ ਨੇ 27 ਅਕਤੂਬਰ, 1947 ਨੂੰ ਕਸ਼ਮੀਰ ਵਾਦੀ ਵਿੱਚ ਹੋਏ ਪਹਿਲੇ ਹਮਲੇ ਨੂੰ ਨਾਕਾਮ ਕਰ ਦਿੱਤਾ ਸੀ। ਦੇਸ਼ ਦੀ ਪ੍ਰਭੂਸੱਤਾ ਅਤੇ ਇਲਾਕਾਈ ਅਖੰਡਤਾ ‘ਤੇ ਆਏ ਖਤਰੇ ਦੇ ਜਵਾਬ ਵਿੱਚ, ਸਿੱਖ ਰੈਜੀਮੈਂਟ ਦੀ ਪਹਿਲੀ ਬਟਾਲੀਅਨ ਦੇ ਜਵਾਨ ਹਵਾਈ ਜਹਾਜ਼ ਰਾਹੀਂ ਸ਼੍ਰੀਨਗਰ ਪਹੁੰਚੇ ਸਨ. ਭਾਰਤੀ ਫੌਜ ਦੀ ਇਸ ਦਲੇਰੀ ਭਰੀ ਕਾਰਵਾਈ ਅਤੇ

ਪੈਦਲ ਸੈਨਾ ਦੇ ਜਵਾਨਾਂ ਦੀ ਬਹਾਦਰੀ ਨੇ ਹਮਲਾਵਰਾਂ, ਜਿਨ੍ਹਾਂ ਨੂੰ ਪਾਕਿਸਤਾਨੀ ਫੌਜ ਨੇ ਸਹਾਇਤਾ ਦਿੱਤੀ ਸੀ ਦੇ ਨਾਪਾਕ ਮਨਸੂਬਿਆਂ ਨੂੰ ਨਾਕਾਮ ਕਰ ਦਿੱਤਾ. ਇਸ ਮੌਕੇ 'ਤੇ, INFANTRY ਦੇ ਡਾਇਰੈਕਟਰ ਜਨਰਲ, ਲੈਫਟੀਨੈਂਟ ਜਨਰਲ ਅਜੈ ਕੁਮਾਰ ਨੇ ਸਾਰੇ ਸਾਬਕਾ ਫੌਜੀਆਂ ਅਤੇ ਸੇਵਾ ਕਰ ਰਹੇ INFANTRY ਜਵਾਨਾਂ ਨੂੰ ਆਪਣੀਆਂ ਦਿਲੋਂ ਸ਼ੁਭਕਾਮਨਾਵਾਂ ਦਿੱਤੀਆਂ। ਸ੍ਰੀ ਕੁਮਾਰ ਨੇ ਉਨ੍ਹਾਂ ਦੀ ਅਟੁੱਟ ਹਿੰਮਤ ਅਤੇ ਫਰਜ਼ ਪ੍ਰਤੀ ਸਮਰਪਣ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਭਾਵੇਂ ਸਰਹੱਦਾਂ ਦੀ ਰੱਖਿਆ ਕਰਨਾ ਹੋਵੇ ਜਾਂ ਅੰਦਰੂਨੀ ਚੁਣੌਤੀਆਂ ਦਾ ਸਾਹਮਣਾ ਕਰਨਾ, ਉਨ੍ਹਾਂ ਦਾ ਅਹਿਦ, ਦੇਸ਼ ਦੀ ਸੁਰੱਖਿਆ ਅਤੇ ਅਖੰਡਤਾ ਦੀ ਰਾਖੀ ਵਿਚ ਅਹਿਮ ਰਿਹਾ ਏ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੇ ਹੜ੍ਹ ਪੀੜਤ ਕਿਸਾਨਾਂ ਨੂੰ ਦੋ ਲੱਖ ਕੁਇੰਟਲ ਕਣਕ ਦੇ ਬੀਜ ਮੁਫਤ ਮੁਹੱਈਆ ਕਰਵਾਉਣ ਲਈ ਕਲ੍ਹ ਸੱਤ ਟਰੱਕਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਹੜ੍ਹ ਕਾਰਨ

ਸੂਬੇ ਦੇ ਕਿਸਾਨਾਂ ਨੂੰ ਅਣਗਿਣਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ ਏ ਅਤੇ ਸਰਕਾਰ ਇਸ ਗੰਭੀਰ ਸੰਕਟ ਦੀ ਘੜੀ ਵਿੱਚ ਸੂਬੇ ਦੇ ਕਿਸਾਨਾਂ ਦੇ ਨਾਲ ਖੜ੍ਹੀ ਏ । ਸ਼੍ਰੀ ਮਾਨ ਨੇ ਕਿਹਾ ਕਿ ਹੜ੍ਹ ਪ੍ਰਭਾਵਿਤ ਜ਼ਿਲਿਆਂ ਦੇ ਕਿਸਾਨਾਂ ਨੂੰ ਮੁਫਤ ਬੀਜ ਵੰਡਣ ਦੀ ਪ੍ਰਕਿਰਿਆ ਸੁਰੂ ਹੋ ਗਈ ਏ ਅਤੇ ਇਹ ਜਲਦ ਹੀ ਮੁਕੰਮਲ ਕਰ ਲਈ ਜਾਵੇਗੀ।

------------------------------------------------------

ਸਰਹੱਦੀ ਸੁਰਖਿਆ ਬਲ BSF ਨੇ ਪਾਕਿਸਤਾਨ ਅਧਾਰਤ ਨਾਰਕੋ-ਤਸਕਰਾਂ ਦੇ ਨਾਪਾਕ ਮਨਸੂਬਿਆਂ ਨੂੰ ਤਬਾਹ ਕਰਦਿਆਂ ਪੰਜਾਬ ਸਰਹੱਦ 'ਤੇ ਡਰੋਂਨ ਰਾਹੀਂ ਭੇਜੀ ਗਈ ਨਸ਼ੀਲੇ ਪਦਾਰਥਾਂ ਦੀ ਇੱਕ ਖੇਪ ਬਰਾਮਦ ਕੀਤੀ ਏ. ਜ਼ਬਤ ਕੀਤੀ ਗਈ ਖੇਪ ਵਿੱਚ 3 ਹੈਰੋਇਨ ਪੈਕੇਟ ਸ਼ਾਮਲ ਨੇ. ਇਹ ਬਰਾਮਦਗੀ ਫਿਰੋਜ਼ਪੁਰ ਦੇ ਪਿੰਡ- ਹਬੀਬ ਵਾਲਾ ਦੇ ਨਾਲ ਲੱਗਦੇ ਇੱਕ ਖੇਤ ਤੋਂ ਅਤੇ ਪਿੰਡ ਧਾਰੀਵਾਲ ਦੇ ਨਾਲ ਲੱਗਦੇ ਇੱਕ ਖੇਤ ਤੋਂ ਹੋਈ ਏ.

-----------------------------------------------------

ਪੰਜਾਬ ਸਰਕਾਰ ਵੱਲੋਂ ਨੌਵੇਂ ਗੁਰੂ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ

350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ ਵਿਸ਼ਾਲ ਰਾਜ ਪੱਧਰੀ ਸਮਾਗਮਾਂ ਕਰਵਾਏ ਜਾ ਰਹੇ ਨੇ. ਇਸ ਪਹਿਲਕਦਮੀ ਦੇ ਹਿੱਸੇ ਵਜੋਂ ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਅਤੇ ਮੋਹਿੰਦਰ ਭਗਤ ਨੇ ਜੈਪੁਰ ਵਿਖੇ ਰਾਜਸਥਾਨ ਦੇ ਮੁੱਖ ਮੰਤਰੀ ਭਜਨ ਲਾਲ ਸ਼ਰਮਾ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਅਤੇ ਉਨ੍ਹਾ ਨੂੰ ਪੰਜਾਬ ਵਿੱਚ ਯਾਦਗਾਰੀ  ਸਮਾਗਮਾਂ ਵਿੱਚ ਸ਼ਾਮਲ ਹੋਣ ਲਈ ਰਸਮੀ ਸੱਦਾ ਦਿੱਤਾ ਏ । ਮੰਤਰੀਆਂ ਨੇ ਰਾਜਸਥਾਨ ਦੇ ਮੁੱਖ ਮੰਤਰੀ ਨੂੰ ਸ੍ਰੀ ਗੁਰੂ ਤੇਗ਼ ਬਹਾਦਰ ਜੀ ਵਲੋਂ ਧਾਰਮਿਕ ਅਜ਼ਾਦੀ ਅਤੇ ਸੱਚਾਈ ਲਈ ਕੀਤੇ ਗਏ ਬੇਮਿਸਾਲ ਬਲੀਦਾਨ ਦੀ ਯਾਦ ਵਿੱਚ ਰਾਜ ਭਰ ਵਿੱਚ ਕਰਵਾਏ ਜਾ ਰਹੇ ਮਹੀਨਾ ਭਰ ਦੇ ਪ੍ਰੋਗਰਾਮਾਂ ਬਾਰੇ ਜਾਣੂ ਕਰਵਾਇਆ। ਇਹ ਯਾਦਗਾਰੀ ਸਮਾਗਮ 25 ਅਕਤੂਬਰ ਨੂੰ ਦਿੱਲੀ ਦੇ ਗੁਰਦੁਆਰਾ ਸ੍ਰੀ ਸੀਸ ਗੰਜ ਸਾਹਿਬ ਵਿਖੇ ਅਰਦਾਸ ਨਾਲ ਸ਼ੁਰੂ ਹੋਏ ਨੇ ।

----------------------------------------------------

ਮੁਹਾਲੀ ਦੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਨਿਖਿਲ ਅਰੋੜਾ ਨੇ ਦੱਸਿਆ ਏ ਕਿ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ

ਵਿਭਾਗ, ਪੰਜਾਬ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਸਰਕਾਰ ਵੱਲੋਂ ਪ੍ਰਾਇਵੇਟ ਸਕੂਲ,ਸੰਸਥਾਵਾਂ ਅਤੇ ਪਲੇਅ-ਵੇਅ ਸਕੂਲ ਜੋ ਕਿ ਮੁਢਲੀ ਬਾਲ ਸੰਭਾਲ ਤੇ ਸਿਖਿਆ ਦੇ ਖੇਤਰ ਵਿਚ ਕੰਮ ਕਰ ਰਹੇ ਨੇ, ਨੂੰ ਰਜਿਸਟਰ ਕਰਨ ਲਈ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਏ। ਉਨ੍ਹਾਂ ਕਿਹਾ ਕਿ ਇਸ ਸਬੰਧੀ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਅਧੀਨ 3 ਤੋਂ 6 ਸਾਲ ਦੇ ਬੱਚਿਆਂ ਲਈ ਈ.ਸੀ.ਸੀ.ਈ. ਖੇਤਰ ਵਿਚ ਕੰਮ ਕਰ ਰਹੀਆਂ ਸੰਸਥਾਵਾਂ ਦੀ ਵਿਭਾਗ ਨਾਲ ਰਜਿਸਟ੍ਰੇਸ਼ਨ ਲਾਜ਼ਮੀ ਕਰਵਾਉਣ ਲਈ ਤੁਰੰਤ ਦਫਤਰ ਜ਼ਿਲ੍ਹਾ ਪ੍ਰੋਗਰਾਮ ਅਫਸਰ ਐਸ.ਏ.ਐਸ.ਨਗਰ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮੋਹਾਲੀ ਵਿਖੇ ਸੰਪਰਕ ਕੀਤਾ ਜਾ ਸਕਦਾ ਏ।

---------------------------------------------------

ਜਲੰਧਰ ਵਿਖੇ ਖੇਡੇ ਜਾ ਰਹੇ , 42ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਵਿੱਚ, ਅੱਜ ਪੰਜਾਬ ਐਂਡ ਸਿੰਧ ਬੈਂਕ ਦਿੱਲੀ ਦਾ ਮੁਕਾਬਲਾ INDIAN AIR FORCE ਨਾਲ ਅਤੇ ਭਾਰਤੀ ਰੇਲਵੇ ਦਾ ਮੁਕਾਬਲਾ CRPF ਦਿੱਲੀ ਨਾਲ ਹੋਵੇਗਾ।